# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 09-10-2024**

ਭਾਰਤੀ ਜਨਤਾ ਪਾਰਟੀ ਨੇ ਹਰਿਆਣਾ ਵਿਧਾਨ ਸਭਾ ਚੋਣਾਂ ਵਿੱਚ ਤੀਜੀ ਵਾਰ ਇਤਿਹਾਸਕ ਜਿੱਤ ਹਾਸਲ ਕੀਤੀ ਏ ਅਤੇ ਹੁਣ ਉਹ ਲਗਾਤਾਰ ਤੀਜੀ ਵਾਰ ਸੂਬੇ ਵਿੱਚ ਸਰਕਾਰ ਬਣਾਉਣ ਜਾ ਰਹੀ ਏ। 90 ਮੈਂਬਰੀ ਹਰਿਆਣਾ ਵਿਧਾਨ ਸਭਾ ਚੋਣਾਂ ਵਿੱਚ BJP ਨੇ 48 ਵਿਧਾਨ ਸਭਾ ਸੀਟਾਂ ਅਤੇ ਕਾਂਗਰਸ ਨੇ 37 ਸੀਟਾਂ ਜਿੱਤੀਆਂ ਨੇ। ਇੰਡੀਅਨ ਨੈਸ਼ਨਲ ਲੋਕ ਦਲ ਨੂੰ ਦੋ ਸੀਟਾਂ ਮਿਲੀਆਂ ਨੇ। ਤਿੰਨ ਵਿਧਾਨ ਸਭਾ ਹਲਕਿਆਂ ਵਿੱਚ ਆਜ਼ਾਦ ਉਮੀਦਵਾਰਾਂ ਨੇ ਜਿੱਤ ਹਾਸਲ ਕੀਤੀ ਏ। BJP ਆਗੂ ਅਤੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਲਾਡਵਾ ਸੀਟ 16 ਹਜ਼ਾਰ ਤੋਂ ਵੱਧ ਵੋਟਾਂ ਦੇ ਫਰਕ ਨਾਲ ਜਿੱਤੀ ਏ। ਇਸ ਦੌਰਾਨ ਰੋਹਤਕ ਦੀ ਗੜ੍ਹੀ ਸਾਂਪਲਾ ਕਿਲੋਈ ਸੀਟ ਤੋਂ ਕਾਂਗਰਸ ਆਗੂ ਅਤੇ ਸਾਬਕਾ ਮੁੱਖ ਮੰਤਰੀ ਭੁਪਿੰਦਰ ਸਿੰਘ ਹੁੱਡਾ ਨੇ, 71 ਹਜ਼ਾਰ ਤੋਂ ਵੱਧ ਵੋਟਾਂ ਨਾਲ ਚੋਣ ਜਿੱਤੀ ਏ। ਦੂਜੇ

ਪਾਸੇ ਜੰਮੂ-ਕਸ਼ਮੀਰ 'ਚ ਨੈਸ਼ਨਲ ਕਾਨਫਰੰਸ ਅਤੇ ਕਾਂਗਰਸ ਦਾ ਗਠਜੋੜ ਸਰਕਾਰ ਬਣਾਏਗਾ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਹਰਿਆਣਾ ਵਿੱਚ ਸੱਚਾਈ, ਵਿਕਾਸ ਅਤੇ ਸੁਸ਼ਾਸਨ ਦੀ ਜਿੱਤ ਹੋਈ ਏ। ਉਨ੍ਹਾਂ ਕਿਹਾ ਕਿ ਹਰਿਆਣਾ ਦੇ ਲੋਕਾਂ ਨੇ ਵਿਕਾਸ ਦੇ ਮੁੱਦੇ 'ਤੇ ਪਾਰਟੀ ਨੂੰ ਜਿੱਤ ਦੀ ਹੈਟ੍ਰਿਕ ਲਗਾਈ ਏ। ਨਵੀਂ ਦਿੱਲੀ ਵਿੱਚ BJP ਹੈੱਡਕੁਆਰਟਰ ਵਿੱਚ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਸ੍ਰੀ ਮੋਦੀ ਨੇ ਹਰਿਆਣਾ ਵਿੱਚ BJP ਲਈ ਇਤਿਹਾਸਕ ਵਿਧਾਨ ਸਭਾ ਚੋਣ ਨਤੀਜਿਆਂ ਤੋਂ ਬਾਅਦ ਵਧਾਈ ਦਿੱਤੀ।

**BYTE-**

ਪ੍ਰਧਾਨ ਮੰਤਰੀ ਨੇ ਕਿਹਾ ਕਿ BJP ਸਰਕਾਰ ਦੇਸ਼ ਨੂੰ ਪਹਿਲ ਦਿੰਦੀ ਏ ਅਤੇ ਗਰੀਬਾਂ ਦੀ ਸੇਵਾ ਕਰਨ ਲਈ ਵਚਨਬੱਧ ਏ। ਉਨ੍ਹਾਂ ਕਿਹਾ ਕਿ ਕੇਂਦਰ ਹੋਵੇ ਜਾਂ ਹਰਿਆਣਾ ਸਰਕਾਰ, ਇਨ੍ਹਾਂ 10 ਸਾਲਾਂ 'ਚ ਉਨ੍ਹਾਂ 'ਤੇ ਭ੍ਰਿਸ਼ਟਾਚਾਰ ਦਾ ਇਕ ਵੀ ਦੋਸ਼ ਨਹੀਂ ਲੱਗਾ। ਜੰਮੂ-ਕਸ਼ਮੀਰ ਬਾਰੇ ਉਨ੍ਹਾਂ ਕਿਹਾ ਕਿ ਇੱਕ ਦਹਾਕੇ ਦੇ ਇੰਤਜ਼ਾਰ ਤੋਂ ਬਾਅਦ ਆਖਰਕਾਰ ਜੰਮੂ-

ਕਸ਼ਮੀਰ ਵਿੱਚ ਸ਼ਾਂਤੀਪੂਰਨ ਵਿਧਾਨ ਸਭਾ ਚੋਣਾਂ ਹੋਈਆਂ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜੰਮੂ-ਕਸ਼ਮੀਰ ਵਿੱਚ ਚੋਣਾਂ ਲੜ ਰਹੀਆਂ ਸਾਰੀਆਂ ਪਾਰਟੀਆਂ ਵਿੱਚੋਂ BJP ਵੋਟ ਹਿੱਸੇਦਾਰੀ ਦੇ ਮਾਮਲੇ ਵਿੱਚ ਸਭ ਤੋਂ ਵੱਡੀ ਪਾਰਟੀ ਵਜੋਂ ਉੱਭਰੀ ਏ। ਚੰਡੀਗੜ੍ਹ ਸਥਿਤ ਪੰਜਾਬ ਯੂਨੀਵਰਸਿਟੀ ਦੀ ਸ੍ਰੀਮੰਤ ਸੰਕਰਦੇਵ ਚੇਅਰ ਨੇ ਇਤਿਹਾਸ ਵਿਭਾਗ ਦੇ ਸਹਿਯੋਗ ਨਾਲ "ਸ੍ਰੀਮੰਤ ਸੰਕਰਦੇਵ: ਇੱਕ ਬਹੁਮੁਖੀ ਪ੍ਰਤਿਭਾ" ਸਿਰਲੇਖ ਹੇਠ ਇੱਕ ਸੈਮੀਨਾਰ ਕਰਵਾਇਆ। ਪ੍ਰੋਗਰਾਮ ਵਿੱਚ ਆਸਾਮ ਦੇ ਸਭਿਆਚਾਰ ਅਤੇ ਅਧਿਆਤਮਿਕਤਾ ਵਿੱਚ ਸਤਿਕਾਰਯੋਗ ਸ਼੍ਰੀਮੰਤ ਸੰਕਰਦੇਵਾ ਦੇ ਜੀਵਨ ਅਤੇ ਯੋਗਦਾਨ ਦੀ ਪੜਚੋਲ ਕਰਨ ਲਈ ਸਮਰਪਿਤ ਤਿੰਨ ਵਿਚਾਰਸ਼ੀਲ ਸੈਸ਼ਨ ਸ਼ਾਮਲ ਰਹੇ। ਉਦਘਾਟਨੀ ਸੈਸ਼ਨ ਵਿੱਚ ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸ਼੍ਰੀ ਕਟਾਰੀਆ ਨੇ ਸ਼੍ਰੀਮੰਤ ਸੰਕਰਦੇਵ ਦੁਆਰਾ ਦਰਸਾਏ ਡੂੰਘੇ ਅਤੇ ਸਦੀਵੀ ਸੰਦੇਸ਼ਾਂ 'ਤੇ ਜ਼ੋਰ ਦਿੱਤਾ। ਉਨ੍ਹਾਂ ਦੇ ਵਿਚਾਰਾਂ ਨੇ ਸ੍ਰੀਮੰਤ ਸੰਕਰਦੇਵ ਦੇ ਵਿਚਾਰਾਂ ਦੀ ਵਿਆਪਕ ਸਾਰਥਕਤਾ ਨੂੰ ਉਜਾਗਰ ਕੀਤਾ। ਪੰਜਾਬ ਯੂਨੀਵਰਸਿਟੀ ਦੇ

ਵਾਈਸ-ਚਾਂਸਲਰ ਪ੍ਰੋਫੈਸਰ ਰੇਣੂ ਵਿਗ,ਨੇ ਸਮਕਾਲੀ ਸਮਾਜ ਵਿੱਚ ਸ਼੍ਰੀਮੰਤ ਸੰਕਰਦੇਵ ਦੇ ਫਲਸਫੇ ਦੀ ਮਹੱਤਤਾ ਬਾਰੇ  ਚਾਨਣਾ ਪਾਇਆ। ਪ੍ਰੋਫ਼ੈਸਰ ਦਯਾਨੰਦ ਪਾਠਕ ਨੇ ਨੇ ਸ਼ੰਕਰਦੇਵ ਦੇ ਯੋਗਦਾਨ ਦੀ ਬਹੁਪੱਖੀ ਪ੍ਰਕਿਰਤੀ ਨੂੰ ਉਜਾਗਰ ਕੀਤਾ। ਉਨ੍ਹਾਂ ਦਰਸ਼ਨ, ਜੀਵਨ, ਸੱਭਿਆਚਾਰ, ਕਲਾ ਅਤੇ ਰਿਵਾਇਤ  ਬਾਰੇ ਸੰਕਰਦੇਵਾ ਦੀਆਂ ਲਿਖੀਆਂ ਰਚਨਾਵਾਂ ਨੂੰ ਉਜਾਗਰ ਕੀਤਾ ।

-----------------------------------------------------------

ਹਰਿਆਣਾ ਵਿਧਾਨ ਸਭਾ ਚੋਣਾਂ ਵਿੱਚ BJP ਦੀ ਸ਼ਾਨਦਾਰ ਜਿੱਤ 'ਤੇ ਜਲੰਧਰ ਜ਼ਿਲ੍ਹਾ BJP ਪ੍ਰਧਾਨ ਸੁਸ਼ੀਲ ਸ਼ਰਮਾ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ BJP ਦਫ਼ਤਰ ਵਿਖੇ ਵਰਕਰਾਂ ਨੇ ਪਟਾਕੇ ਚਲਾ ਕੇ, ਅਤੇ ਮਿਠਾਈ ਵੰਡ ਕੇ ਜਸ਼ਨ ਮਨਾਇਆ ਗਿਆ । ਇਸ ਪ੍ਰੋਗਰਾਮ 'ਚ ਸਾਬਕਾ ਮੰਤਰੀ ਮਨੋਰੰਜਨ ਕਾਲੀਆ, ਸੁਸ਼ੀਲ ਰਿੰਕੂ, ਰਾਕੇਸ਼ ਰਾਠੌੜ, ਕਰਮਜੀਤ ਕੌਰ ਚੌਧਰੀ, ਕੇ.ਡੀ.ਭੰਡਾਰੀ, ਅਮਿਤ ਹੋਰਨਾਂ ਕਈ ਆਗੂਆਂ ਨੇ ਸ਼ਿਰਕਤ ਕੀਤੀ ।

---------------------------------------------------------------

ਪੰਜਾਬ ਮੰਤਰੀ ਮੰਡਲ  ਨੇ ਸੂਬੇ ਦੀਆਂ ਖ਼ਰੀਦ ਏਜੰਸੀਆਂ  ਵੱਲੋਂ ਖ਼ਰੀਦੇ ਝੋਨੇ ਨੂੰ ਮਿਲਿੰਗ ਲਈ ਦੇਣ ਅਤੇ ਇਸ ਦੀ ਕੇਂਦਰੀ ਪੂਲ ਵਿੱਚ ਸਮੇਂ ਸਿਰ ਡਿਲੀਵਰੀ ਲਈ ਸਾਉਣੀ ਸੀਜ਼ਨ 2024-25 ਲਈ ਪੰਜਾਬ ਕਸਟਮ ਮਿਲਿੰਗ ਪਾਲਿਸੀ ਨੂੰ ਮਨਜ਼ੂਰੀ ਦੇ ਦਿੱਤੀ ਏ।  ਇਸ ਸਬੰਧੀ ਫੈਸਲਾ ਕੱਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ  ਮੰਤਰੀ ਮੰਡਲ ਦੀ ਮੀਟਿੰਗ ਵਿੱਚ ਲਿਆ ਗਿਆ। ਬੁਲਾਰੇ ਨੇ ਦੱਸਿਆ ਕਿ  ਸਾਉਣੀ ਖ਼ਰੀਦ ਸੀਜ਼ਨ 2024-25 ਖ਼ਰੀਦਿਆ ਝੋਨਾ ਸੂਬੇ ਵਿੱਚ ਸਥਿਤੀ ਯੋਗ ਚੌਲ ਮਿੱਲਾਂ ਵਿੱਚ ਸਟੋਰ ਕੀਤੇ ਜਾਣਗੇ। ਖ਼ੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਵਿਭਾਗ ਵੱਲੋਂ ਹਰੇਕ ਸਾਉਣੀ ਖ਼ਰੀਦ ਸੀਜ਼ਨ ਦੀ ਸ਼ੁਰੂਆਤ ਤੋਂ ਪਹਿਲਾਂ ਹਰੇਕ ਸਾਲ ਕਸਟਮ ਮਿਲਿੰਗ ਪਾਲਿਸੀ ਜਾਰੀ ਕੀਤੀ ਜਾਂਦੀ ਏ  ਤਾਂ ਕਿ ਭਾਰਤ ਸਰਕਾਰ ਵੱਲੋਂ ਤੈਅ ਮਾਪਦੰਡਾਂ ਅਨੁਸਾਰ ਸੂਬੇ ਦੀਆਂ ਖ਼ਰੀਦ ਏਜੰਸੀਆਂ ਵੱਲੋਂ ਖ਼ਰੀਦੇ ਝੋਨੇ ਦੀ ਮਿਲਿੰਗ ਹੋ ਸਕੇ। ਮੰਤਰੀ ਮੰਡਲ ਨੇ ਪੰਜਾਬ ਵਿੱਚ ਵਾਤਾਵਰਨ ਕਲੀਅਰੈਂਸ ਲਈ ਲਗਦੀ ਪ੍ਰਾਸੈਸਿੰਗ ਫੀਸ ਢਾਂਚੇ ਵਿੱਚ ਸੱਤ ਨਵੀਆਂ ਸਲੈਬਾਂ ਲਿਆ ਕੇ

ਕਟੌਤੀ ਕਰਨ ਲਈ ਵੀ ਸਹਿਮਤੀ ਦੇ ਦਿੱਤੀ ਏ। ਹੁਣ ਨਵੀਂ ਸਲੈਬ ਮੁਤਾਬਕ ਪੰਜ ਕਰੋੜ ਰੁਪਏ ਤੱਕ ਦੇ ਪ੍ਰਾਜੈਕਟ ਲਈ ਵਾਤਾਵਰਨ ਕਲੀਅਰੈਂਸ ਵਜੋਂ 25 ਹਜ਼ਾਰ ਰੁਪਏ ਪ੍ਰਾਸੈਸਿੰਗ ਫੀਸ ਲਈ ਜਾਵੇਗੀ। ਸੂਬੇ ਵਿੱਚ ਡੈਮਾਂ ਦੀ ਸੁਰੱਖਿਆ ਤੇ ਕੁਸ਼ਲਤਾ ਦੇ ਉਦੇਸ਼ ਨਾਲ ਮੰਤਰੀ ਮੰਡਲ ਨੇ 281 ਕਰੋੜ ਰੁਪਏ ਦੀ ਲਾਗਤ ਵਾਲੇ ਪ੍ਰਾਜੈਕਟ' ਦੇ ਦੂਜੇ ਤੇ ਤੀਜੇ ਪੜਾਅ ਨੂੰ ਮਨਜ਼ੂਰੀ ਦੇ ਦਿੱਤੀ ਏ। ਇਹ ਅਹਿਮ ਪ੍ਰਾਜੈਕਟ ਵਿਸ਼ਵ ਬੈਂਕ ਦੇ ਸਹਿਯੋਗ ਨਾਲ ਚਲਾਇਆ ਜਾਵੇਗਾ। ਮੰਤਰੀ ਮੰਡਲ ਨੇ ਮਿਊਂਸਪਲ ਤੇ ਸਰਕਾਰੀ ਜ਼ਮੀਨਾਂ ਅਤੇ ਸਰਕਾਰੀ ਵਿਦਿਅਕ ਸੰਸਥਾਵਾਂ, ਹਸਪਤਾਲਾਂ, ਡਿਸਪੈਂਸਰੀਆਂ, ਪੁਲਿਸ ਸਟੇਸ਼ਨਾਂ ਉਤੇ ਕੀਤੇ ਗਏ ਗੈਰ-ਕਾਨੂੰਨੀ ਕਬਜ਼ਿਆਂ ਨੂੰ ਹਟਾਉਣ ਤਏ ਨਿਯਮਿਤ ਕਰਨ ਬਾਰੇ ਨੀਤੀ ਘੜਨ ਨੂੰ ਪ੍ਰਵਾਨਗੀ ਦੇ ਦਿੱਤੀ ਏ। ਇਕ ਹੋਰ ਫੈਸਲੇ ਵਿਚ ਪੰਜਾਬ ਵਿੱਚ ਐਨ.ਸੀ.ਸੀ. ਦੇ ਕਾਰਜਾਂ ਨੂੰ ਸੁਚਾਰੂ ਅਤੇ ਪ੍ਰਭਾਵੀ ਢੰਗ ਨਾਲ ਚਲਾਉਣ ਲਈ ਉਚੇਰੀ ਸਿੱਖਿਆ ਤੇ ਭਾਸ਼ਾਵਾਂ ਵਿਭਾਗ ਵਿੱਚ ਐਨ.ਸੀ.ਸੀ. ਮੁੱਖ ਦਫ਼ਤਰਾਂ, ਯੂਨਿਟਾਂ ਅਤੇ ਕੇਂਦਰਾਂ ਲਈ ਪੈਸਕੋ ਦੁਆਰਾ ਆਊਟਸੋਰਸਿੰਗ ਰਾਹੀਂ 166 ਅਸਾਮੀਆਂ ਭਰਨ ਦੀ ਪ੍ਰਵਾਨਗੀ ਦੇ ਦਿੱਤੀ ਏ। ਇਸ ਕਦਮ

ਨਾਲ ਐਨ.ਸੀ.ਸੀ. ਯੂਨਿਟਾਂ ਦੇ ਕੰਮਕਾਜ ਨੂੰ ਹੋਰ ਪ੍ਰਭਾਵੀ ਬਣਾਉਣ ਵਿੱਚ ਮਦਦ ਮਿਲੇਗੀ ਜਿਸ ਨਾਲ ਸੂਬੇ ਵਿੱਚ ਐਨ.ਸੀ.ਸੀ. ਕੈਡਿਟਾਂ ਦੀ ਕਾਰਜਕੁਸ਼ਲਤਾ ਵਧੇਗੀ। ਪੁਲਿਸ ਵਿਭਾਗ ਦੇ ਦਫ਼ਤਰੀ ਕੰਮਕਾਜ ਨੂੰ ਸੁਚਾਰੂ ਬਣਾਉਣ ਲਈ ਸਟੈਨੋਗ੍ਰਾਫ਼ੀ ਕਾਡਰ ਦੇ ਪੁਨਰਗਠਨ ਨੂੰ ਪ੍ਰਵਾਨਗੀ ਦੇ ਦਿੱਤੀ। ਇਸ ਕਦਮ ਨਾਲ ਜਿੱਥੇ ਦਫ਼ਤਰੀ ਕੰਮਕਾਜ ਵਿੱਚ ਕੁਸ਼ਲਤਾ ਆਵੇਗੀ, ਜਦੋਂ ਕਿ ਇਸ ਨਾਲ ਸੂਬਾਈ ਖ਼ਜ਼ਾਨੇ ਵਿੱਚ ਵਾਧੂ ਬੋਝ ਨਹੀਂ ਪਵੇਗਾ ।

---------------------------------------------------------------

ਜਲੰਧਰ ਦਿਹਾਤੀ ਪੁਲਿਸ ਨੇ ਇੱਕ ਅੰਤਰ-ਰਾਜੀ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਗਿਰੋਹ ਦਾ ਪਰਦਾਫਾਸ਼ ਕਰਦਿਆਂ ਇਸਦੇ ਮੁਖੀ ਨੂੰ ਗ੍ਰਿਫਤਾਰ ਕਰਕੇ ਪੰਜ ਦੇਸੀ ਪਿਸਤੌਲ ਬਰਾਮਦ ਕੀਤੇ ਨੇ । ਸੀਨੀਅਰ ਕਪਤਾਨ ਪੁਲਿਸ ਹਰਕਮਲ ਪ੍ਰੀਤ ਸਿੰਘ ਖੱਖ ਨੇ ਦੱਸਿਆ ਕਿ ਫੜੇ ਗਏ ਮੁਲਜ਼ਮ ਦੀ ਪਛਾਣ ਜਲੰਧਰ ਦੇ ਪਿੰਡ ਮੰਡਿਆਲਾ ਵਾਸੀ ਸੁਨੀਲ ਕੁਮਾਰ ਉਰਫ ਜੀਓਨਾ ਵਜੋਂ ਹੋਈ ਏ । ਉਨ੍ਹਾਂ ਦਸਿਆ ਕਿ 2 ਅਕਤੂਬਰ ਨੂੰ ਪੁਲਿਸ ਨੂੰ ਲਾਂਬੜਾ ਇਲਾਕੇ ਵਿੱਚ ਨਜਾਇਜ਼

ਹਥਿਆਰਾਂ ਦੀ ਇੱਕ ਖੇਪ ਦੀ ਡਿਲੀਵਰੀ ਹੋਣ ਦੀ ਸੂਚਨਾ ਮਿਲੀ ਸੀ। ਵਿਸ਼ੇਸ਼ ਟੀਮ ਨੇ  ਕਾਰਵਾਈ ਕਰਦੇ ਹੋਏ ਛਾਪਾ ਮਾਰ ਕੇ ਸੁਨੀਲ ਕੁਮਾਰ ਨੂੰ ਮੌਕੇ 'ਤੇ ਹੀ ਕਾਬੂ ਕਰ ਲਿਆ। ਤਲਾਸ਼ੀ ਦੌਰਾਨ ਸੁਨੀਲ ਕੁਮਾਰ ਦੇ ਕੋਲੋਂ ਪੰਜ ਪਿਸਤੌਲ ਅਤੇ ਅੱਠ ਰੌਂਦ ਬਾਰੂਦ ਬਰਾਮਦ ਕੀਤੇ ਨੇ ।ਅਸਲਾ ਐਕਟ ਦੀ ਧਾਰਾ  ਤਹਿਤ ਲਾਂਬੜਾ ਪੁਲਿਸ ਸਟੇਸ਼ਨ ਵਿਖੇ ਮਾਮਲਾ ਦਰਜ ਕੀਤਾ ਗਿਆ ਏ । ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਏ ਕਿ ਸੁਨੀਲ ਕੁਮਾਰ ਮੱਧ ਪ੍ਰਦੇਸ਼ ਤੋਂ ਪੰਜਾਬ ਵਿੱਚ ਹਥਿਆਰਾਂ ਦੀ ਤਸਕਰੀ ਕਰਦਾ ਰਿਹਾ ਏ , ਜਿੱਥੇ ਇਨ੍ਹਾਂ ਨੂੰ ਮਹਿੰਗੇ ਭਾਅ ਵੇਚਿਆ ਜਾਂਦਾ ਏ । ਉਨ੍ਹਾਂ ਦਸਿਆ ਕਿ ਉਸ ਦਾ ਨੈੱਟਵਰਕ ਵਿਦੇਸ਼ਾਂ ਤੋਂ ਕੰਮ ਕਰ ਰਹੇ ਹਾਈ-ਪ੍ਰੋਫਾਈਲ ਅਪਰਾਧੀਆਂ ਨਾਲ ਜੁੜਿਆ ਹੋਇਆ ਏ  । ਐਸ.ਐਸ.ਪੀ ਨੇ ਕਿਹਾ ਕਿ ਗਿਰੋਹ ਦੇ ਹੋਰ ਫਰਾਰ ਮੈਂਬਰਾਂ ਦੀ ਭਾਲ ਜਾਰੀ ਏ , ਅਤੇ ਜਾਂਚ ਨਾਲ ਹੋਰ ਬਰਾਮਦਗੀ ਦੀ ਉਮੀਦ ਏ ।